# TODAY'S HUKAMNAMA FROM SRI DARBAR SAHIB
## Sri Amritsar.

**[June 3, 2013, Monday 04:30 AM. IST]**

ਧਨਾਸਰੀ ਮਹਲਾ ੧ ॥
ਕਾਇਆ ਕਾਗਦੁ ਮਨੁ ਪਰਵਾਣਾ ॥ ਸਿਰ ਕੇ ਲੇਖ ਨ ਪੜੈ ਇਆਣਾ ॥ ਦਰਗਹ ਘੜੀਅਹਿ ਤੀਨੇ ਲੇਖ ॥ ਖੋਟਾ ਕਾਮਿ ਨ ਆਵੈ ਵੇਖੁ ॥੧॥ ਨਾਨਕ ਜੇ ਵਿਚਿ ਰੁਪਾ ਹੋਇ ॥ ਖਰਾ ਖਰਾ ਆਖੈ ਸਭੁ ਕੋਇ ॥੧॥ ਰਹਾਉ ॥ ਕਾਦੀ ਕੂੜੁ ਬੋਲਿ ਮਲੁ ਖਾਇ ॥ ਬ੍ਰਾਹਮਣੁ ਨਾਵੈ ਜੀਆ ਘਾਇ ॥ ਜੋਗੀ ਜੁਗਤਿ ਨ ਜਾਣੈ ਅੰਧੁ ॥ ਤੀਨੇ ਓਜਾੜੇ ਕਾ ਬੰਧੁ ॥੨॥ ਸੋ ਜੋਗੀ ਜੋ ਜੁਗਤਿ ਪਛਾਣੈ ॥ ਗੁਰ ਪਰਸਾਦੀ ਏਕੋ ਜਾਣੈ ॥ ਕਾਜੀ ਸੋ ਜੋ ਉਲਟੀ ਕਰੈ ॥ ਗੁਰ ਪਰਸਾਦੀ ਜੀਵਤੁ ਮਰੈ ॥ ਸੋ ਬ੍ਰਾਹਮਣੁ ਜੋ ਬ੍ਰਹਮੁ ਬੀਚਾਰੈ ॥ ਆਪਿ ਤਰੈ ਸਗਲੇ ਕੁਲ ਤਾਰੈ ॥੩॥ ਦਾਨਸਬੰਦੁ ਸੋਈ ਦਿਲਿ ਧੋਵੈ ॥ ਮੁਸਲਮਾਣੁ ਸੋਈ ਮਲੁ ਖੋਵੈ ॥ ਪੜਿਆ ਬੂਝੈ ਸੋ ਪਰਵਾਣੁ ॥ ਜਿਸੁ ਸਿਰਿ ਦਰਗਹ ਕਾ ਨੀਸਾਣੁ ॥੪॥੫॥੭॥

ਸੋਮਵਾਰ, ੨੧ ਜੇਠ (ਸੰਮਤ ੫੪੫ ਨਾਨਕਸ਼ਾਹੀ) ੩ ਜੂਨ, ੨੦੧੩ (ਅੰਗ: ੬੬੨)

ਮਨੁੱਖ ਦਾ ਸਰੀਰ ਕਾਗਜ਼ ਸਮਾਨ ਹੈ ਜਿਸ ਉਤੇ ਚੇਤਨਾ ਰੂਪ ਮਨ ਦੇ ਰਬੀ ਲੇਖ ਲਿਖੇ ਹੋਏ ਹਨ (ਕਿ ਇਸ ਸਰੀਰ ਵਿਚ ਰਬ ਦੀ ਜੋਤ ਹੈ)ਪ੍ਰੰਤੂ ਮਾਇਆ ਵਿਚ ਮਗਨ ਹੋਇਆ ਮਨ ਆਪਣੇ ਮੂਲ ਨੂੰ ਪਛਾਣਨ ਦੀ ਕੋਸ਼ਿਸ਼ ਨਹੀ ਕਰਦਾ ਤੇ ਖੋਟੇ ਸਿੱਕੇ ਵਾਂਗ ਦੁਰਕਾਰਿਆ ਜਾਂਦਾ ਹੈ । ਜੇਕਰ ਇਹ ਮਨ ਪ੍ਰਮੇਸ਼ਰ ਦੀ ਜੋਤ ਦਾ ਅਨੁਭਵ ਕਰ ਲਵੇ ਤਾਂ ਇਸਦੇ ਸੱਚੇ ਕਿਰਦਾਰ ਦੀ ਪ੍ਰਸੰਸਾ ਹੁੰਦੀ ਹੈ । ਧਾਰਮਕ ਆਗੂ ਕਾਜ਼ੀ,ਬ੍ਰਾਹਮਣ, ਜੋਗੀ ਆਦਿਕ ਸਾਰੇ ਹੀ ਸੱਚੇ ਰਬ ਦੀ ਜੋਤ ਨੂੰ ਭੁਲਕੇ ਸੰਸਾਰ ਦੀ ਮੋਹ ਮਾਇਆ(ਧਨ ਪਦਾਰਥ ਹਉਮੈ) ਵਿਚ ਉਲਝੇ ਹੋਏ ਹਨ ਤੇ ਲੋਕਾਂ ਦਾ ਆਤਮਕ ਜੀਵਨ ਉਜਾੜ ਰਹੇ ਹਨ ।ਜੇਕਰ ਇਹ ਧਾਰਮਕ ਆਗੂ ਆਪਣੇ ਸਹੀ ਰਸਤੇ ਤੇ ਆ ਜਾਣ ਤੇ ਆਪਣੀ ਹਉਮੈ ਮੋਹ ਮਾਇਆ ਤਿਆਗ ਕੇ ਲੋਕਾਂ ਨੂੰ ਸੱਚੇ ਰਬ ਦੇ ਲੜ ਲਾਣ ਤਾਂ ਲੋਕਾਂ ਨਾਲ ਉਨ੍ਹਾਂ ਦਾ ਵੀ ਭਲਾ ਹੋਵੇ ।ਸਾਰੀ ਸਿਆਣਪ,ਧਾਰਮਕਿ ਕਿਰਦਾਰ ਪੜ੍ਹਾਈ ਦਾ ਉਦੇਸ਼ ਪ੍ਰਮੇਸ਼ਰ ਦੀ ਜੋਤ ਨੂੰ ਅੰਤਰਾਤਮਾਂ ਵਿਚ ਜਗਾ ਕੇ ਵਾਹਿਗੁਰੂ ਪਾਸੋਂ ਬਖ਼ਸ਼ਿਸ਼ ਦਾ ਨਿਸ਼ਾਨ ਪ੍ਰਾਪਤ ਕਰਨਾ ਹੈ ।

## ਪੰਜਾਬੀ ਵਿਆਖਿਆ:

ਧਨਾਸਰੀ ਮਹਲਾ ੧ ॥
ਇਹ ਮਨੁੱਖਾ ਸਰੀਰ (ਮਾਨੋ) ਇਕ ਕਾਗ਼ਜ਼ ਹੈ, ਅਤੇ ਮਨੁੱਖ ਦਾ ਮਨ (ਸਰੀਰ-ਕਾਗ਼ਜ਼ ਉਤੇ ਲਿਖਿਆ ਹੋਇਆ) ਦਰਗਾਹੀ ਪਰਵਾਨਾ ਹੈ । ਪਰ ਮੂਰਖ ਮਨੁੱਖ ਆਪਣੇ ਮੱਥੇ ਦੇ ਇਹ ਲੇਖ ਨਹੀਂ ਪੜ੍ਹਦਾ (ਭਾਵ, ਇਹ ਸਮਝਣ ਦਾ ਜਤਨ ਨਹੀਂ ਕਰਦਾ ਕਿ ਉਸ ਦੇ ਪਿਛਲੇ ਕੀਤੇ ਕਰਮਾਂ ਅਨੁਸਾਰ ਕਿਹੋ ਜਿਹੇ ਸੰਸਕਾਰ-ਲੇਖ ਉਸ ਦੇ ਮਨ ਵਿਚ ਮੌਜੂਦ ਹਨ ਜੋ ਉਸ ਨੂੰ ਹੁਣ ਹੋਰ ਪ੍ਰੇਰਨਾ ਕਰ ਰਹੇ ਹਨ) । ਮਾਇਆ ਦੇ ਤਿੰਨ ਗੁਣਾਂ ਦੇ ਅਸਰ ਹੇਠ ਰਹਿ ਕੇ ਕੀਤੇ ਹੋਏ ਕੰਮਾਂ ਦੇ ਸੰਸਕਾਰ ਰੱਬੀ ਨਿਯਮ ਅਨੁਸਾਰ ਹਰੇਕ ਮਨੁੱਖ ਦੇ ਮਨ ਵਿਚ ਉੱਕਰੇ ਜਾਂਦੇ ਹਨ । ਪਰ ਹੇ ਭਾਈ! ਵੇਖ (ਜਿਵੇਂ ਕੋਈ ਖੋਟਾ ਸਿੱਕਾ ਕੰਮ ਨਹੀਂ ਆਉਂਦਾ, ਤਿਵੇਂ ਖੋਟੇ ਕੀਤੇ ਕੰਮਾਂ ਦਾ) ਖੋਟਾ ਸੰਸਕਾਰ-ਲੇਖ ਭੀ ਕੰਮ ਨਹੀਂ ਆਉਂਦਾ ।੧। ਹੇ ਨਾਨਕ! ਜੇ ਰੁਪਏ ਆਦਿਕ ਸਿੱਕੇ ਵਿਚ ਚਾਂਦੀ ਹੋਵੇ ਤਾਂ ਹਰ ਕੋਈ ਉਸ ਨੂੰ ਖਰਾ ਸਿੱਕਾ ਆਖਦਾ ਹੈ (ਇਸੇ ਤਰ੍ਹਾਂ ਜਿਸ ਮਨ ਵਿਚ ਪਵਿਤ੍ਰਤਾ ਹੋਵੇ, ਉਸ ਨੂੰ ਖਰਾ ਆਖਿਆ ਜਾਂਦਾ ਹੈ) ।੧।ਰਹਾਉ। ਕਾਜ਼ੀ (ਜੋ ਇਕ ਪਾਸੇ ਤਾਂ ਇਸਲਾਮੀ ਧਰਮ ਦਾ ਨੇਤਾ ਹੈ ਤੇ ਦੂਜੇ ਪਾਸੇ ਹਾਕਮ ਭੀ ਹੈ, ਰਿਸ਼ਵਤ ਦੀ ਖ਼ਾਤਰ ਸ਼ਰਈ ਕਾਨੂੰਨ ਬਾਰੇ) ਝੂਠ ਬੋਲ ਕੇ ਹਰਾਮ ਦਾ ਮਾਲ (ਰਿਸ਼ਵਤ) ਖਾਂਦਾ ਹੈ । ਬ੍ਰਾਹਮਣ (ਕ੍ਰੋੜਾਂ ਸ਼ੂਦਰ-ਅਖਵਾਂਦੇ) ਬੰਦਿਆਂ ਨੂੰ ਦੁਖੀ ਕਰ ਕਰ ਕੇ ਤੀਰਥ-ਇਸ਼ਨਾਨ (ਭੀ) ਕਰਦਾ ਹੈ । ਜੋਗੀ ਭੀ ਅੰਨ੍ਹਾ ਹੈ ਤੇ ਜੀਵਨ ਦੀ ਜਾਚ ਨਹੀਂ ਜਾਣਦਾ । (ਇਹ ਤਿੰਨੇ ਆਪਣੇ ਵਲੋਂ ਧਰਮ-ਨੇਤਾ ਹਨ, ਪਰ) ਇਹਨਾਂ ਤਿੰਨਾਂ ਦੇ ਹੀ ਅੰਦਰ ਆਤਮਕ ਜੀਵਨ ਵਲੋਂ ਸੁੰਞ ਹੀ ਸੁੰਞ ਹੈ ।੨। ਅਸਲ ਜੋਗੀ ਉਹ ਹੈ ਜੋ ਜੀਵਨ ਦੀ ਸਹੀ ਜਾਚ ਸਮਝਦਾ ਹੈ ਤੇ ਗੁਰੂ ਦੀ ਕਿਰਪਾ ਨਾਲ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ । ਕਾਜ਼ੀ ਉਹ ਹੈ ਜੋ ਸੁਰਤਿ ਨੂੰ ਹਰਾਮ ਦੇ ਮਾਲ ਵਲੋਂ ਮੋੜਦਾ ਹੈ ਜੋ ਗੁਰੂ ਦੀ ਕਿਰਪਾ ਨਾਲ ਦੁਨੀਆ ਵਿਚ ਰਹਿੰਦਾ ਹੋਇਆ ਦੁਨਿਆਵੀ ਖ਼ਾਹਸ਼ਾਂ ਵਲੋਂ ਪਰਤਦਾ ਹੈ । ਬ੍ਰਾਹਮਣ ਉਹ ਹੈ ਜੋ ਸਰਬ-ਵਿਆਪਕ ਪ੍ਰਭੂ ਵਿਚ ਸੁਰਤਿ ਜੋੜਦਾ ਹੈ, ਇਸ ਤਰ੍ਹਾਂ ਆਪ ਭੀ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘਦਾ ਹੈ ਤੇ ਆਪਣੀਆਂ ਸਾਰੀਆਂ ਕੁਲਾਂ ਨੂੰ ਭੀ ਲੰਘਾ ਲੈਂਦਾ ਹੈ ।੩। ਉਹੀ ਮਨੁੱਖ ਅਕਲਮੰਦ ਹੈ ਜੋ ਆਪਣੇ ਦਿਲ ਵਿਚ ਟਿਕੀ ਹੋਈ ਬੁਰਾਈ ਨੂੰ ਦੂਰ ਕਰਦਾ ਹੈ । ਉਹੀ ਮੁਸਲਮਾਨ ਹੈ ਜੋ ਮਨ ਵਿਚੋਂ ਵਿਕਾਰਾਂ ਦੀ ਮੈਲ ਦੀ ਨਾਸ ਕਰਦਾ ਹੈ । ਉਹੀ ਵਿਦਵਾਨ ਹੈ ਜੋ ਜੀਵਨ ਦਾ ਸਹੀ ਰਸਤਾ ਸਮਝਦਾ ਹੈ, ਉਸ ਦੇ ਮੱਥੇ ਉਤੇ ਦਰਗਾਹ ਦਾ ਟਿੱਕਾ ਲੱਗਦਾ ਹੈ ਉਹੀ ਪ੍ਰਭੂ ਦੀ ਹਜ਼ੂਰੀ ਵਿਚ ਕਬੂਲ ਹੁੰਦਾ ਹੈ ।੪॥੫॥੭॥

## English Translation:

DHANAASAREE, FIRST MEHL:

The body is the paper, and the mind is the inscription written upon it. The ignorant fool does not read what is written on his forehead. In the Court of the Lord, three inscriptions are recorded. Behold, the counterfeit coin is worthless there. || 1 || O Nanak, if there is silver in it, then everyone proclaims, “It

is genuine, it is genuine." || 1 || Pause || The Qazi tells lies and eats filth; the Brahmin kills and then takes cleansing baths. The Yogi is blind, and does not know the Way. The three of them devise their own destruction. || 2 || He alone is a Yogi, who understands the Way. By Guru's Grace, he knows the One Lord. He alone is a Qazi, who turns away from the world, and who, by Guru's Grace, remains dead while yet alive. He alone is a Brahmin, who contemplates God. He saves himself, and saves all his generations as well. || 3 || One who cleanses his own mind is wise. One who cleanses himself of impurity is a Muslim. One who reads and understands is acceptable. Upon his forehead is the Insignia of the Court of the Lord. || 4 || 5 || 7 ||

Monday, 21st Jayt'h (Samvat 545 Nanakshahi) 3rd June, 2013 (Page: 662)